**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

# ਡਿਪਟੀ ਕਮਿਸ਼ਨਰ ਨੇ ਡੇਂਗੂ ਖਿਲਾਫ ਚੌਕਸ ਕੀਤੇ ਸਾਰੇ ਵਿਭਾਗ

# –ਲੋਕਾਂ ਨੂੰ ਵੀ ਸਹਿਯੋਗ ਦੀ ਅਪੀਲ

ਫਾਜ਼ਿਲਕਾ, 15 ਅਕਤੂਬਰ

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹੇ ਵਿਚ ਡੇਂਗੂ ਦੇ ਵੱਧਦੇ ਮਾਮਲਿਆਂ ਦੇ ਚਲਦਿਆਂ ਸਾਰੇ ਸਬੰਧਤ ਵਿਭਾਗਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਡੇਂਗੂ ਦੇ ਪਸਾਰ ਨੂੰ ਰੋਕਣ ਲਈ ਤੁਰੰਤ ਪ੍ਰਭਾਵੀ ਕਦਮ ਚੁੱਕੇ ਜਾਣ। ਉਨ੍ਹਾਂ ਨੇ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਨੂੰ ਤੁਰੰਤ ਫਾਗਿੰਗ ਕਰਵਾਉਣ ਦੇ ਹੁਕਮ ਦਿੱਤੇ ਹਨ। ਇਸੇ ਤਰਾਂ ਉਨ੍ਹਾਂ ਨੇ ਪੇਂਡੂ ਵਿਕਾਸ ਵਿਭਾਗ ਨੂੰ ਵੀ ਨਿਰਦੇਸ ਦਿੱਤੇ ਹਨ ਕਿ ਪਿੰਡਾਂ ਵਿਚ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ ਪਿੰਡਾਂ ਵਿਚ ਸਾਫ ਸਫਾਈ ਤੇ ਤੱਵਜੋਂ ਦਿੱਤੀ ਜਾਵੇ। ਇਸੇ ਤਰਾਂ ਉਨ੍ਹਾਂ ਨੇ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਹਨ ਕਿ ਲੋਕਾਂ ਨੂੰ ਡੇਂਗੂ ਤੋਂ ਬਚਾਓ ਸਬੰਧੀ ਜਾਗਰੂਕ ਕੀਤਾ ਜਾਵੇ। ਇਸ ਤੋਂ ਬਿਨ੍ਹਾਂ ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਆਪਣੇ ਦਫ਼ਤਰਾਂ ਵਿਚ ਵੀ ਡੇਂਗੂ ਸਬੰਧੀ ਦਿਸ਼ਾ ਨਿਰਦੇਸ਼ਾਂ ਦਾ ਪਾਲਣ ਕਰਨ ਅਤੇ ਯਕੀਨੀ ਬਣਾਉਣ ਕਿ ਦਫ਼ਤਰਾਂ ਦੇ ਕੂਲਰਾਂ, ਗਮਲਿਆਂ ਆਦਿ ਵਿਚ ਡੇਂਗੂ ਦਾ ਲਾਰਵਾ ਨਾ ਪਲ ਰਿਹਾ ਹੋਵੇ।

ਇਸ ਮੌਕੇ ਸਿਵਲ ਸਰਜਨ ਡਾ: ਕੁੰਦਨ ਕੇ ਪਾਲ ਨੇ ਦੱਸਿਆ ਕਿ ਡੇਂਗੂ ਦਾ ਮੱਛਰ ਦਿਨ ਵੇਲੇ ਕੱਟਦਾ ਹੈ। ਇਸ ਲਈ ਲੋਕ ਪੂਰੀ ਬਾਂਹ ਦੇ ਕਪੜੇ ਪਾਉਣ। ਕਿਉਂਜੋ ਇਹ ਤਾਜੇ ਪਾਣੀ ਦੇ ਪਨਪਦਾ ਹੈ ਇਸ ਲਈ ਆਪਣੇ ਆਸਪਾਸ ਪਾਣੀ ਖੜਾ ਨਾ ਹੋਣ ਦਿਓ। ਕੂੱਲਰਾਂ, ਗਮਲਿਆਂ, ਪੁਰਾਣੇ ਟਾਇਰਾਂ, ਕਬਾੜ ਆਦਿ ਵਿਚ ਪਾਣੀ ਖੜਾ ਨਾ ਹੋਣ ਦਿਓ। ਪਸ਼ੂਆਂ ਦੀਆਂ ਪਾਣੀ ਵਾਲੀਆਂ ਖੇਲਾਂ ਨੂੰ ਵੀ ਹਫ਼ਤੇ ਵਿਚ ਇਕ ਵਾਰ ਸਾਫ ਜਰੂਰ ਕਰੋ। ਉਨ੍ਹਾਂ ਨੇ ਲੋਕਾਂ ਨੂੰ ਹਰ ਸੁੱਕਰਵਾਰ ਨੂੰ ਡ੍ਰਾਈਡੇ ਮਨਾਉਣ ਭਾਵ ਉਸ ਦਿਨ ਇਕ ਵਾਰ ਪਾਣੀ ਦੇ ਸ਼੍ਰੋਤਾਂ ਨੂੰ ਖਾਲੀ ਕਰਨ ਲਈ ਕਿਹਾ।

ਡਾ: ਚੰਦਰ ਮੋਹਨ ਕਟਾਰੀਆਂ ਨੇ ਦੱਸਿਆ ਕਿ ਜੇਕਰ ਕਿਸੇ ਨੂੰ ਡੇਂਗੂ ਦੇ ਲੱਛਣ ਹੋਣ ਤਾਂ ਇਸ ਦਾ ਟੈਸਟ ਸਰਕਾਰੀ ਹਸਪਤਾਲ ਫਾਜ਼ਿਲਕਾ ਵਿਚ ਬਿਲਕੁਲ ਮੁਫ਼ਤ ਹੁੰਦਾ ਹੈ ਹਾਲਾਂ ਕਿ ਇਸ ਲਈ ਸੈਂਪਲ ਆਪਣੇ ਕਿਸੇ ਵੀ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਦਿੱਤਾ ਜਾ ਸਕਦਾ ਹੈ।



I/90686/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਸਿਵਲ ਸਰਜਨ ਨੇ ਪ੍ਰੋਜੈਕਟ 'ਚੇਤਨ ਫਾਜ਼ਿਲਕਾ' ਤਹਿਤ ਕੀਤੀ ਬੈਠਕ

ਡੇਂਗੂ ਸਬੰਧੀ ਜਾਗਰੂਕਤਾ ਪੈਫਲੇਂਟ ਕੀਤਾ ਜਾਰੀ

ਲੋਕਾਂ ਤੱਕ ਸਿਹਤ ਵਿਭਾਗ ਦੇ ਪ੍ਰੋਗਰਾਮਾਂ ਨੂੰ ਪੁੱਜਦਾ ਕਰਨ ਦੇ ਹੁਕਮ

ਫਾਜ਼ਿਲਕਾ, 15 ਅਕਤੂਬਰ ਫਾਜ਼ਿਲਕਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਦੇ ਨਿਰਦੇਸ਼ਾਂ ਅਨੁਸਾਰ ਅੱਜ ਸਿਵਲ ਸਰਜਨ ਡਾ: ਕੁੰਦਨ ਕੇ ਪਾਲ ਨੇ ਆਪਣੇ ਵਿਭਾਗ ਦੇ ਮਾਸ ਮੀਡੀਆ ਵਿੰਗ ਨਾਲ ਇਕ ਬੈਠਕ ਕੀਤੀ ਅਤੇ ਬੀ.ਈ.ਈ. ਨੂੰ ਨਿਰਦੇਸ਼ ਦਿੱਤੇ ਕਿ ਸਿਹਤ ਵਿਭਾਗ ਦੇ ਪ੍ਰੋਗਰਾਮਾਂ ਦਾ ਸੁਨੇਹਾ ਘਰ ਘਰ ਤੱਕ ਪੁੱਜਦਾ ਕੀਤਾ ਜਾਵੇ। ਉਨਾਂ ਨੇ ਕਿਹਾ ਕਿ ਮਿਸ਼ਨ ਫਤਿਹ ਤਹਿਤ ਲੋਕਾਂ ਨੂੰ ਕੋਵਿਡ, ਡੇਂਗੂ ਅਤੇ ਪਰਾਲੀ ਸਾੜਨ ਦੇ ਸਿਹਤ ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ 'ਚੇਤਨ ਫਾਜ਼ਿਲਕਾ' ਪ੍ਰੋਜੈਕਟ ਆਰੰਭਿਆ ਗਿਆ ਹੈ। ਇਸ ਤਹਿਤ ਸਾਰੇ ਵਿਭਾਗ ਸਾਂਝੇ ਤੌਰ ਤੇ ਲੋਕਾਂ ਨੂੰ ਜਾਗਰੂਕ ਕਰਣਗੇ ਪਰ ਸਿਹਤ ਵਿਭਾਗ ਦਾ ਮੀਡੀਆ ਵਿੰਗ ਇਸ ਵਿਚ ਮੋਹਰੀ ਭੁਮਿਕਾ ਨਿਭਾਏਗਾ।

ਇਸ ਮੌਕੇ ਡਾ: ਚੰਦਰ ਮੋਹਨ ਕਟਾਰੀਆਂ ਨੇ ਕਿਹਾ ਕਿ ਰੋਜਾਨਾਂ ਅਧਾਰ ਤੇ ਗਤੀਵਿਧੀਆਂ ਕੀਤੀਆਂ ਜਾਣ ਤਾਂ ਜੋ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਕੀਤੇ ਜਾ ਰਹੇ ਕੰਮਾਂ ਦਾ ਸੁਨੇਹਾ ਲੋਕਾਂ ਤੱਕ ਪੁੱਜ ਸਕੇ ਅਤੇ ਲੋਕਾਂ ਨੂੰ ਸਿਹਤ ਸੰਭਾਲ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਤਾਂਕਿ ਲੋਕ ਘੱਟ ਬਿਮਾਰ ਪੈਣ।

ਜ਼ਿਲਾ ਵਿਕਾਸ ਫੈਲੋ ਸ੍ਰੀ ਸਿਧਾਰਥ ਤਲਵਾਰ ਨੇ ਕਿਹਾ ਕਿ ਬਿਹਤਰ ਤਾਲਮੇਲ ਨਾਲ ਲੋਕਾਂ ਤੱਕ ਸਹੀ ਸੂਚਨਾ ਪੁੱਜੇਗੀ ਤਾਂ ਇਸ ਨਾਲ ਸਮਾਜਿਕ ਵਿਹਾਰ ਵਿਚ ਬਦਲਾਅ ਸੰਭਵ ਹੈ ਜਿਸ ਨਾਲ ਅਸੀਂ ਬਹੁਤ ਸਾਰੀਆਂ ਬਿਮਾਰੀਆਂ ਦੇ ਪਸਾਰ ਨੂੰ ਘੱਟ ਕਰ ਸਕਦੇ ਹਾਂ।

ਜ਼ਿਲਾ ਮਾਸ ਮੀਡੀਆ ਅਫ਼ਸਰ ਸ੍ਰੀ ਅਨਿਲ ਧਾਮੂ ਨੇ ਇਸ ਕਿਹਾ  ਕਿ ਮਾਸ ਮੀਡੀਆ ਵਿੰਗ ਇਸ ਪ੍ਰੋਜੈਕਟ ਦੀ ਸਫਲਤਾ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗਾ। ਇਸ ਮੌਕੇ ਡੇਂਗੂ ਜਾਗਰੂਕਤਾ ਪੈਂਫਲੇਂਟ ਵੀ ਜਾਰੀ ਕੀਤਾ ਗਿਆ। ਇਸ ਮੌਕੇ ਬੀ.ਈ.ਈ. ਸ੍ਰੀ ਮਨਬੀਰ ਸਿੰਘ, ਸ੍ਰੀ ਸੁਸ਼ੀਲ ਕੁਮਾਰ, ਸ੍ਰੀ ਸੁਨੀਲ ਕੁਮਾਰ, ਸ੍ਰੀ ਦਿਵੇਸ਼ ਕਮੁਾਰ, ਸ: ਹਰਮੀਤ ਸਿੰਘ ਵੀ ਹਾਜਰ ਸਨ।



I/90593/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਆਉਣ ਵਾਲਿਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਣ ਮੁਹੱਈਆ ਕਰਵਾਉਣ ਲਈ ਪਰਾਲੀ ਨੂੰ ਅੱਗ ਨਹੀਂ ਲਗਾਉਂਦਾ ਕਿਸਾਨ ਸੁਖਚੈਨ ਸਿੰਘ

ਫਾਜ਼ਿਲਕਾ, 15 ਅਕਤੂਬਰ

ਅਗਲੀ ਫਸਲ ਬੀਜਣ ਤੋਂ ਪਹਿਲੋਂ ਝੋਨੇ ਦੀ ਪਰਾਲੀ ਦਾ ਹੱਲ ਕਰਨਾ ਜਰੂਰੀ ਹੈ।ਇਸ ਬਾਰੇ ਕਈ ਤਰ੍ਹਾਂ ਦੇ ਖਦਸੇ ਕਿਸਾਨਾ ਦੇ ਮਨਾਂ ਵਿੱਚ ਪੈਦਾ ਹੁੰਦੇ ਨੇ ਕਿ ਪਰਾਲੀ ਨੂੰ ਖੇਤ ਵਿੱਚ ਦਬਾਉਣ ਨਾਲ ਕਣਕ ਦਾ ਝਾੜ ਘੱਟੇਗਾ, ਕੀੜੇ ਮਕੋੜਿਆਂ ਦੀ ਸੱਮਸਿਆ ਜਿਆਦਾ ਹੋਵੇਗੀ।ਇਸ ਬਾਰੇ ਪਿੰਡ ਮੂਲਿਆਂ ਵਾਲੀ ਜਿਲਾ ਫਾਜਿਲਕਾ ਦਾ ਕਿਸਾਨ ਸੁਖਚੈਨ ਸਿੰਘ ਆਪਣੇ ਤਜ਼ਰਬਾ ਸਾਂਝਾ ਕਰਦਾ ਦੱਸਦਾ ਹੈ ਕਿ ਉਹ 52 ਏਕੜ ਰਕਬੇ ਵਿੱਚ ਖੇਤੀ ਕਰਦਾ ਹੈ। ਉਹ 30-35 ਏਕੜ ਹਰ ਸਾਲ ਬਾਸਮਤੀ/ਝੋਨਾ ਦੀ ਖੇਤੀ ਕਰਦਾ ਹੈ ਅਤੇ ਲਗਾਤਾਰ ਪਿਛਲੇ 5 ਸਾਲਾਂ ਤੋਂ ਪਰਾਲੀ ਨੂੰ ਬਿਲਕੁੱਲ ਅੱਗ ਨਹੀਂ ਲਗਾ ਰਿਹਾ।

ਸਫਲ ਕਿਸਾਨ ਸੁਖਚੈਨ ਸਿੰਘ ਨੇ ਦੱਸਿਆ ਕਿ ਉਹ ਵੱਖ ਵੱਖ ਤਰੀਕਿਆਂ ਨਾਲ ਪਰਾਲੀ ਦਾ ਪ੍ਰਬੰਧ ਕਰਕੇ ਕਣਕ ਦੀ ਬਿਜਾਈ ਕਰਦਾ ਹੈ।ਇੱਥੋਂ ਤੱਕ ਕਿ ਪਰਾਲੀ ਦੀਆਂ ਗੱਢਾਂ ਬਣਵਾ ਕੇ ਵੀ ਪਰਾਲੀ ਨੂੰ ਬਾਹਰ ਨਹੀਂ ਜਾਣ ਦਿੰਦਾ, ਸਗੋਂ ਸਾਰੀ ਦੀ ਸਾਰੀ ਪਰਾਲੀ ਖੇਤ ਵਿੱਚ ਹੀ ਰੱਖ ਕੇ ਕਣਕ ਦੀ ਬਿਜਾਈ ਕਰਦਾ ਹੈ, ਜਿਸ ਨਾਲ ਜਮੀਨ ਦੀ ਕੁਦਰਤੀ ਸ਼ਕਤੀ ਵਿੱਚ ਕਾਫੀ ਵਾਧਾ ਹੋਇਆ ਹੈ। ਕਿਸਾਨ ਦੱਸਦਾ ਹੈ ਕਿ ਉਹ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਰਕੇ ਜਮੀਨ `ਤੇ ਸਿਫਾਰਸ਼ ਕੀਤੀ ਮਾਤਰਾ ਅਨੁਸਾਰ ਖਾਦ ਤੇ ਸਪਰੇਅ ਦੀ ਵਰਤੋਂ ਕਰਦਾ ਹੈ ਜਿਸ ਨਾਲ ਖਾਦਾਂ ਦੀ ਬਹੁਤ ਘੱਟ ਲੋੜ ਪੈਂਦੀ ਹੈ।

ਉਸਨੇ ਦੱਸਿਆ ਕਿ ਖਾਦਾਂ ਦੀ ਜਿਆਦਾ ਵਰਤੋਂ ਨਾਲ ਕੀੜਿਆਂ ਮਕੋੜਿਆਂ ਦੀ ਸੱਮਸਿਆ ਵੀ ਜਿਆਦਾ ਫਸਲਾਂ ਤੇ ਹੁੰਦੀ ਹੈ।ਲੋੜ ਅਨੁਸਾਰ ਖਾਦਾਂ ਦੀ ਵਰਤੋਂ ਕਰਨ ਨਾਲ ਕਣਕ ਦਾ ਝਾੜ 55 ਤੋਂ 60 ਮਣ ਪ੍ਰਤੀ ਏਕੜ ਲਗਾਤਾਰ ਆਉਂਦਾ ਹੈ।ਉਸਨੇ ਦੱਸਿਆ ਕਿ ਉਸਦਾ ਦਾ ਬੇਟਾ ਵੀ ਐਮ.ਟੈਕ ਦੀ ਪੜਾਈ ਕਰਕੇ ਆਪਣੇ ਪਿਤਾ ਨਾਲ ਖੇਤੀ ਕਰਦਾ ਹੈ।ਉਸਨੇ ਦੱਸਿਆ ਕਿ ਕੁਦਰਤੀ ਸਰੋਤਾਂ ਨੂੰ ਬਚਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਨ ਮੁਹੱਈਆ ਕਰਵਾਉਣ ਵਿੱਚ ਇਹਨ੍ਹਾਂ ਕਿਸਾਨਾਂ ਦਾ ਅਹਿਮ ਰੋਲ ਹੈ।

ਸੁਖਚੈਨ ਸਿੰਘ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨਾਲ ਤਾਲਮੇਲ ਬਣਾਈ ਰੱਖਦਾ ਹੈ ਅਤੇ ਖੇਤੀ ਮਾਹਿਰਾਂ ਤੋਂ ਸਮੇਂ ਸਮੇਂ ਤੇ ਤਕਨੀਕੀ ਜਾਣਕਾਰੀ ਹਾਸਿਲ ਕਰਦੇ ਹਨ।ਇਸ ਤਰ੍ਹਾਂ ਸਮੇਂ ਦੀ ਮੰਗ ਅਤੇ ਭਵਿੱਖ ਦੀ ਲੋੜ ਅਨੁਸਾਰ ਵਾਤਾਵਰਨ ਦੀ ਸੰਭਾਲ ਅਤੇ ਧਰਤੀ ਦੀ ਉਪਜਾਉ ਸ਼ਕਤੀ ਲਈ ਹੋਰਨਾਂ ਕਿਸਾਨ ਵੀਰਾਂ ਨੂੰ ਬਾਖੂਬੀ ਆਪਣਾ ਫਰਜ ਨਿਭਾਉਣਾ ਚਾਹੀਦਾ ਹੈ ਤੇ ਪਰਾਲੀ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ।



I/90777/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਜ਼ਿਲ੍ਹੇ ਅੰਦਰ 2423 ਵਿਅਕਤੀ ਕੋਰੋਨਾ ਵਾਇਰਸ ਨੂੰ ਮਾਤ ਦੇ ਕੇ ਹੋਏ ਸਿਹਤਯਾਬ

ਹੁਣ ਤੱਕ 42841 ਵਿਅਕਤੀਆਂ ਦੀ ਕੀਤੀ ਗਈ ਜਾਂਚ

ਫਾਜ਼ਿਲਕਾ 15 ਅਕਤੂਬਰ :

ਜ਼ਿਲਾ ਫਾਜ਼ਿਲਕਾ ਨਾਲ ਸਬੰਧਿਤ ਹੁਣ ਤੱਕ ਕੋਰੋਨਾ ਵਾਇਰਸ ਤੋਂ ਪੀੜਤ 2423 ਵਿਅਕਤੀ ਕੋਰੋਨਾ ਵਾਇਰਸ ਨੂੰ ਮਾਤ ਦੇ ਕੇ ਸਿਹਤਯਾਬ ਹੋ ਚੁੱਕੇ ਹਨ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲਾ ਫਾਜ਼ਿਲਕਾ ਵਿਚ ਹੁਣ ਤੱਕ 42841 ਵਿਅਕਤੀਆਂ ਦੀ ਕੋਰੋਨਾ ਜਾਂਚ ਕੀਤੀ ਗਈ ਹੈ, ਜਿਨਾਂ ਵਿਚੋਂ 39526 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈ ਹੈ, 277 ਦੀ ਰਿਪੋਰਟ ਆਉਣੀ ਬਾਕੀ ਹੈ।

ਉਹਨਾਂ ਦੱਸਿਆ ਕਿ ਅੱਜ ਫਾਜ਼ਿਲਕਾ ਜ਼ਿਲੇ ਅੰਦਰ 10 ਜਣੇ ਪਾਜੀਟਿਵ ਆਉਣ ਨਾਲ ਹੁਣ ਤੱਕ 2766 ਵਿਅਕਤੀ ਕੋਰੋਨਾ ਤੋਂ ਪੀੜਤ ਪਾਏ ਗਏ ਹਨ, ਜਦਕਿ ਅੱਜ 10 ਜਣਿਆਂ ਸਮੇਤ ਕੁੱਲ 2423 ਵਿਅਕਤੀਆਂ ਨੇ ਕਰੋਨਾ ਨੂੰ ਮਾਤ ਦਿੱਤੀ ਹੈ।ਉਹਨਾਂ ਦੱਸਿਆ ਕਿ ਇਸ ਸਮੇਂ ਜ਼ਿਲੇ ਵਿੱਚ ਕੋਵਿਡ-19 ਦੇ 297 ਕੇਸ ਐਕਟਿਵ ਹਨ। ਉਨਾਂ ਕਿਹਾ ਕਿ ਹੁਣ ਤੱਕ ਜ਼ਿਲੇ ਅੰਦਰ 46 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਵਿਡ ਤੋਂ ਬਚਣ ਲਈ ਮਾਸਕ ਲਾਜ਼ਮੀ ਪਾਇਆ ਜਾਵੇ, ਵਾਰ-ਵਾਰ ਹੱਥਾਂ ਨੂੰ ਧੋਤਾ ਜਾਵੇ, ਆਪਸ ਵਿਚ ਸਮਾਜਿਕ ਦੂਰੀ ਬਰਕਰਾਰ ਰੱਖੀ ਜਾਵੇ ਅਤੇ ਲੱਛਣ ਦਿਖਾਈ ਦੇਣ ’ਤੇ ਟੈਸਟ ਜ਼ਰੂਰ ਕਰਵਾਇਆ ਜਾਵੇ।ਉਨਾਂ ਕਿਹਾ ਕਿ ਬਚਾਅ ਵਿਚ ਹੀ ਆਪਣਾ ਬਚਾਅ ਹੈ।ਇਸ ਕਰਕੇ ਸਰਕਾਰ ਤੇ ਵਿਭਾਗ ਵੱਲੋਂ ਸਮੇਂ-ਸਮੇਂ ਜਾਰੀ ਹੁੰਦੀਆਂ ਹਦਾਇਤਾਂ ਦਾ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।